# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :22-11-2025**

### ਪਹਿਲਾਂ ਇਸ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੱਖਣੀ ਅਫਰੀਕਾ ਦੇ ਜੋਹਾਨਸਬਰਗ ਵਿੱਚ G-20 ਸੰਮੇਲਨ ਦੇ ਪਹਿਲੇ ਸੈਸ਼ਨ ਨੂੰ ਕੀਤਾ ਸੰਬੋਧਨ - ਕਿਹਾ ਇਹ ਵਿਸ਼ਵ ਵਿਕਾਸ ਮਾਪਦੰਡਾਂ 'ਤੇ ਮੁੜ ਵਿਚਾਰ ਕਰਨ ਅਤੇ ਸਮਾਵੇਸ਼ੀ ਅਤੇ ਨਿਰੰਤਰ ਵਿਕਾਸ ਨੂੰ ਤਰਜੀਹ ਦੇਣ ਦਾ ਸਹੀ ਸਮਾਂ ਏ।
- ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ, ਤਿੰਨ ਦਿਨਾ ਮੁੱਖ ਸਮਾਗਮ ਭਲਕੇ ਤੋਂ ਸ਼ੁਰੂ।
- ਪੰਜਾਬ ਪੁਲਿਸ ਵੱਲੋਂ ਪਾਕਿਸਤਾਨ ਸਥਿਤ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼, 50 ਕਿਲੋਗ੍ਰਾਮ ਹੈਰੋਇਨ ਬਰਾਮਦ ।

- ਸਰਦਾਰ ਵੱਲਭਭਾਈ ਪਟੇਲ ਦੇ 150ਵੇਂ ਜਨਮ ਦਿਵਸ ਦੀ ਯਾਦ ਵਿੱਚ ਚੰਡੀਗੜ੍ਹ ਵਿਖੇ ਕਰਵਿਆ ਗਿਆ ਏਕਤਾ ਮਾਰਚ, ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ ਸ਼ਿਰਕਤ।
- ਭਾਰਤ ਕੋਲੰਬੋ ਵਿੱਚ, ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾ ਕੇ, ਦ੍ਰਿਸ਼ਟੀਹੀਣ ਔਰਤਾਂ ਦੇ ਪਹਿਲੇ T-TWENTY ਵਿਸ਼ਵ ਕੱਪ ਕ੍ਰਿਕਟ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚਿਆ।

***ਹੁਣ ਖਬਰਾਂ ਵਿਸਥਾਰ ਨਾਲ***

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੱਖਣੀ ਅਫਰੀਕਾ ਦੇ ਜੋਹਾਨਸਬਰਗ ਵਿੱਚ G-20 ਸੰਮੇਲਨ ਦੇ ਪਹਿਲੇ ਸੈਸ਼ਨ ਨੂੰ ਸੰਬੋਧਨ ਕੀਤਾ। ਪ੍ਰਧਾਨ ਮੰਤਰੀ ਦਾ ਇਹ ਸੰਬੋਧਨ ਸਮਾਵੇਸ਼ੀ ਅਤੇ ਟਿਕਾਊ ਵਿਕਾਸ 'ਤੇ ਕੇਂਦ੍ਰਿਤ ਸੀ। ਦੱਖਣੀ ਅਫਰੀਕਾ ਪਹਿਲੀ ਵਾਰ G-20 ਸੰਮੇਲਨ ਦੀ ਮੇਜ਼ਬਾਨੀ ਕਰ ਰਿਹਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਵਿਸ਼ਵ ਵਿਕਾਸ ਮਾਪਦੰਡਾਂ 'ਤੇ ਮੁੜ ਵਿਚਾਰ ਕਰਨ ਅਤੇ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਤਰਜੀਹ ਦੇਣ ਦਾ ਸਹੀ ਸਮਾਂ ਏ। ਉਨ੍ਹਾਂ ਕਿਹਾ ਕਿ ਭਾਰਤ ਦੇ ਸੱਭਿਅਤਾ ਦੇ ਮੁੱਲ, ਖਾਸ ਕਰਕੇ ਅਨਿੱਖੜਵੇਂ ਮਨੁੱਖਤਾਵਾਦ ਦਾ ਸਿਧਾਂਤ, ਅੱਗੇ ਵਧਣ ਲਈ ਇੱਕ ਅਰਥਪੂਰਨ ਰਸਤਾ ਪੇਸ਼ ਕਰਦੇ ਨੇ। ਪ੍ਰਧਾਨ ਮੰਤਰੀ

ਨੇ ਇੱਕ G-20 ਗਲੋਬਲ ਹੈਲਥਕੇਅਰ ਰਿਸਪਾਂਸ ਟੀਮ ਬਣਾਉਣ ਦਾ ਪ੍ਰਸਤਾਵ ਰੱਖਿਆ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜਦੋਂ ਦੁਨੀਆ ਸਿਹਤ ਐਮਰਜੈਂਸੀ ਅਤੇ ਕੁਦਰਤੀ ਆਫ਼ਤਾਂ ਦੌਰਾਨ ਇਕੱਠੇ ਕੰਮ ਕਰਦੀ ਏ ਤਾਂ ਉਹ ਮਜ਼ਬੂਤ ਹੁੰਦੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਸਾਥੀ G-20 ਦੇਸ਼ਾਂ ਦੇ ਸਿਖਲਾਈ ਪ੍ਰਾਪਤ ਡਾਕਟਰੀ ਮਾਹਰਾਂ ਦੀਆਂ ਟੀਮਾਂ ਬਣਾਉਣ ਦੀ ਹੋਣੀ ਚਾਹੀਦੀ ਏ ਜੋ ਕਿਸੇ ਵੀ ਹੰਗਾਮੀ ਸਥਿਤੀ ਵਿੱਚ ਤੇਜ਼ੀ ਨਾਲ ਤਾਇਨਾਤੀ ਲਈ ਤਿਆਰ ਹੋਣ। ਨਸ਼ੀਲੇ ਪਦਾਰਥਾਂ ਦੀ ਤਸਕਰੀ, ਖਾਸ ਕਰਕੇ ਫੈਂਟਾਨਿਲ ਵਰਗੇ ਖਤਰਨਾਕ ਪਦਾਰਥਾਂ ਦੇ ਫੈਲਾਅ ਦੀ ਵਧਦੀ ਚੁਣੌਤੀ ਨਾਲ ਨਜਿੱਠਣ ਲਈ, ਪ੍ਰਧਾਨ ਮੰਤਰੀ ਨੇ ਡਰੱਗ-ਟੈਰਰ ਗਠਜੋੜ ਦਾ ਮੁਕਾਬਲਾ ਕਰਨ ਲਈ G-20 ਪਹਿਲਕਦਮੀ ਦਾ ਪ੍ਰਸਤਾਵ ਰੱਖਿਆ। ਸ਼੍ਰੀ ਮੋਦੀ ਨੇ ਮੈਂਬਰ ਦੇਸ਼ਾਂ ਨੂੰ ਨਸ਼ੀਲੇ ਪਦਾਰਥ-ਅੱਤਵਾਦ ਅਰਥਵਿਵਸਥਾ ਨੂੰ ਕਮਜ਼ੋਰ ਕਰਨ ਲਈ ਇੱਕਜੁੱਟ ਹੋਣ ਦਾ ਸੱਦਾ ਦਿੱਤਾ।

---

ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ 350ਵਾਂ ਸ਼ਹੀਦੀ ਦਿਹਾੜਾ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਏ। ਮੁੱਖ ਸਮਾਗਮ ਤਿੰਨ ਦਿਨਾਂ

ਤੱਕ 23, 24 ਅਤੇ 25 ਨਵੰਬਰ ਨੂੰ ਹੋਣਗੇ। ਇਹਨਾਂ ਸਮਾਗਮਾਂ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ ਅਤੇ ਭਲਕੇ 23 ਨਵੰਬਰ ਤੋਂ ਇਹਨਾਂ ਸਮਾਗਮਾਂ ਦੀ ਸ਼ੁਰੂਆਤ ਹੋਣ ਜਾ ਰਹੀ ਏ। ਇਹਨਾਂ ਸ਼ਹੀਦੀ ਸਮਾਗਮਾਂ ਨੂੰ ਸਮਰਪਿਤ ਵੱਖ-ਵੱਖ ਦਿਸ਼ਾਵਾਂ ਤੋਂ 4 ਵਿਸ਼ਾਲ ਨਗਰ ਕੀਰਤਨ ਸ੍ਰੀਨਗਰ, ਗੁਰਦਾਸਪੁਰ, ਫਰੀਦਕੋਟ ਤੇ ਤਲਵੰਡੀ ਸਾਬੋ ਤੋਂ ਆਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਰਹੇ ਨੇ।

--------------------------------------------------------------------------------

ਸ੍ਰੀ ਆਨੰਦਪੁਰ ਸਾਹਿਬ ਵਿਖੇ ਚਲ ਰਹੇ ਸਮਾਗਮ ਵਿੱਚ ਪੰਜਾਬ ਦੇ ਸਿਹਤ ਵਿਭਾਗ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਏ। ਰੂਪਨਗਰ ਦੇ ਸਿਵਲ ਸਰਜਨ ਡਾ, ਸੁਖਵਿੰਦਰਜੀਤ ਸਿੰਘ ਨੇ ਦੱਸਿਆ ਕਿ 25 ਨਵੰਬਰ ਨੂੰ ਸ਼ਹੀਦੀ ਦਿਹਾੜੇ ਵਾਲੇ ਦਿਨ ਆਨੰਦਪੁਰ ਸਾਹਿਬ ਵਿੱਚ, 'ਵਿਰਾਸਤ ਏ ਖਾਲਸਾ' ਵਿਖੇ ਮਨੁੱਖਤਾ ਦੀ ਭਲਾਈ ਲਈ ਗੁਰੂ ਜੀ ਦੀ ਸ਼ਹਾਦਤ ਨੂੰ ਸਮਰਪਿਤ ਇੱਕ ਮੈਗਾ ਖੂਨਦਾਨ ਕੈਂਪ ਲਾਇਆ ਜਾ ਰਿਹਾ ਏ। ਇਸ ਤੋਂ ਇਲਾਵਾ, ਕੱਲ ਤੋਂ 26 ਨਵੰਬਰ ਤੱਕ ਆਨੰਦਪੁਰ ਸਾਹਿਬ ਦੇ ਪੰਜ ਪਿਆਰਾ ਪਾਰਕ ਵਿੱਚ ਵੀ ਇੱਕ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਏ, ਜਿਸ ਵਿਚ ਗੈਰ ਸਰਕਾਰੀ ਸਵੈ ਸੇਵੀ ਸੰਗਠਨ

ਆਪਣਾ ਯੋਗਦਾਨ ਦੇਣਗੇ। ਸਿਵਲ ਸਰਜਨ ਡਾ ਸੁਖਵਿੰਦਰਜੀਤ ਸਿੰਘ ਨੇ ਲੋਕਾਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਲਈ ਅੱਗੇ ਆਉਣ ਦੀ ਅਪੀਲ ਕਰਦਿਆਂ ਕਿਹਾ – **Byte -**

---------------------------------------------------------------------

ਜਲੰਧਰ ਵਿੱਚ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਨੂੰ ਸ਼ਹਿਰ ਦੇ ਗੁਰੂ ਨਾਨਕ ਮਿਸ਼ਨ ਚੌਕ ਵਿਖੇ ਪਹੁੰਚਣ 'ਤੇ ਪੰਜਾਬ ਪੁਲਿਸ ਦੀ ਇੱਕ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਬੀਤੀ ਅੱਧੀ ਰਾਤ ਨੂੰ ਜ਼ਿਲ੍ਹੇ ਵਿੱਚ ਦਾਖਲ ਹੋਏ ਨਗਰ ਕੀਰਤਨ ਨੇ ਅੱਜ ਸਵੇਰੇ ਗੁਰਦੁਆਰਾ ਡੇਰਾ ਸੰਤਗੜ੍ਹ ਸਾਹਿਬ ਤੋਂ ਆਪਣੀ ਅਗਲੀ ਯਾਤਰਾ ਮੁੜ ਸ਼ੁਰੂ ਕੀਤੀ ਅਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੰਘਦਿਆਂ, ਸ੍ਰੀ ਅਨੰਦਪੁਰ ਸਾਹਿਬ ਵੱਲ ਰਵਾਨਾ ਹੋਇਆ। ਇਸ ਸਮਾਗਮ ਵਿੱਚ ਸੰਗਤਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਜਿਵੇਂ ਹੀ ਨਗਰ ਕੀਰਤਨ ਅੱਗੇ ਵਧਿਆ, ਸੰਗਤ ਨੇ ਫੁੱਲਾਂ ਦੀ ਵਰਖਾ ਕੀਤੀ, ਗੁਰਬਾਣੀ ਦਾ ਪਾਠ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ, ਜਿਸ ਨਾਲ ਸਾਰਾ ਮਾਹੌਲ ਸ਼ਰਧਾ ਅਤੇ ਅਧਿਆਤਮਿਕ ਉਤਸ਼ਾਹ ਵਿੱਚ ਬਦਲ ਗਿਆ।

---------------------------------------------------------------------

ਪੰਜਾਬ ਪੁਲਿਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ ਨੇ ਪਾਕਿਸਤਾਨ ਸਥਿਤ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ਅਤੇ 50 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਕਿਹਾ ਕਿ ਇਹ ਖੇਪ ਇੱਕ ਖੁਫੀਆ ਜਾਣਕਾਰੀ ਅਧਾਰਤ ਕਾਰਵਾਈ ਵਿੱਚ ਬਰਾਮਦ ਕੀਤੀ ਗਈ ਏ। **Byte**

-----------------------------------------------------------------------

ਦਿੱਲੀ ਪੁਲਿਸ ਨੇ ਪਾਕਿਸਤਾਨੀ ਖੁਫੀਆ ਏਜੰਸੀ ISI ਨਾਲ ਜੁੜੇ ਅੰਤਰਰਾਸ਼ਟਰੀ ਹਥਿਆਰ ਤਸਕਰਾਂ ਦੇ ਇੱਕ ਗਿਰੋਹ ਦਾ ਪਰਦਾਫਾਸ਼ ਕਰਦਿਆਂ, ਚਾਰ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਦਿੱਲੀ ਪੁਲਿਸ ਦੀ ਕ੍ਰਾਈਮ ਬ੍ਰਾਂਚ ਨੇ ਇੱਕ ਕਾਰਵਾਈ ਦੌਰਾਨ, 10 ਆਧੁਨਿਕ ਪਿਸਤੌਲ ਬਰਾਮਦ ਕੀਤੇ ਨੇ, ਜਿਨ੍ਹਾਂ ਵਿੱਚੋਂ ਪੰਜ ਤੁਰਕੀਏ ਅਤੇ ਤਿੰਨ ਚੀਨ 'ਚ ਬਣੇ ਹੋਏ ਨੇ। ਸੰਯੁਕਤ ਪੁਲਿਸ ਕਮਿਸ਼ਨਰ (ਕ੍ਰਾਈਮ) ਸੁਰੇਂਦਰ ਕੁਮਾਰ ਨੇ ਅੱਜ ਨਵੀਂ ਦਿੱਲੀ ਵਿੱਚ, ਦੱਸਿਆ ਕਿ ਇਹ ਗਿਰੋਹ, ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਇਹ ਨੈੱਟਵਰਕ, ਉੱਚ ਪੱਧਰੀ ਵਿਦੇਸ਼ੀ ਪਿਸਤੌਲਾਂ ਦੀ ਤਸਕਰੀ ਲਈ, ਪਾਕਿਸਤਾਨ ਤੋਂ ਡਰੋਨ ਦੀ ਵਰਤੋਂ ਕਰਦਾ ਸੀ। DCP, ਸੰਜੀਵ ਯਾਦਵ ਦੀ ਅਗਵਾਈ ਹੇਠ

ਕ੍ਰਾਈਮ ਬ੍ਰਾਂਚ ਦੀ ਟੀਮ ਨੇ ਫਿਲੌਰ ਦੇ ਰਹਿਣ ਵਾਲੇ ਮਨਦੀਪ ਅਤੇ ਜਲੰਧਰ ਦੇ ਰਹਿਣ ਵਾਲੇ ਦਲਵਿੰਦਰ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ, ਜਦੋਂ ਉਹ ਰੋਹਿਣੀ ਵਿੱਚ ਕਿਸੇ ਨੂੰ ਹਥਿਆਰ ਪਹੁੰਚਾਉਣ ਜਾ ਰਹੇ ਸਨ। ਤੀਜੇ ਮੁਲਜ਼ਮ ਦੀ ਪਛਾਣ, ਉੱਤਰ ਪ੍ਰਦੇਸ਼ ਦੇ ਬਾਗਪਤ ਵਾਸੀ ਰੋਹਨ ਤੋਮਰ ਵਜੋਂ ਹੋਈ ਏ,ਜਦੋਂ ਕਿ ਗ੍ਰਿਫ਼ਤਾਰ ਕੀਤਾ ਗਿਆ ਚੌਥਾ ਵਿਅਕਤੀ, ਅਜੈ ਉਰਫ਼ ਮੋਨੂੰ ਏ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਬੀਤੀ ਦੇਰ ਰਾਤ ਬਟਾਲਾ ਦੇ ਐਸ.ਡੀ.ਐਮ. ਵਿਕਰਮਜੀਤ ਸਿੰਘ ਪਾਂਥੇ ਦੇ ਘਰ ਛਾਪੇਮਾਰੀ ਕਰ ਕੇ ਉਸ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ । ਇਸ ਤੋਂ ਇਲਾਵਾ ਉਸ ਦੇ ਘਰੋਂ 14 ਲੱਖ ਰੁਪਏ ਦੇ ਕਰੀਬ ਨਕਦੀ ਵੀ ਬਰਾਮਦ ਕੀਤੀ ਸੀ ਜਿਸ ਸਬੰਧੀ ਉਹ ਸਹੀ ਵੇਰਵੇ ਨਹੀਂ ਦੇ ਸਕਿਆ । SDM ਵਿਕਰਜੀਤ ਸਿੰਘ ਜਿਸ ਕੋਲ ਨਗਰ ਨਿਗਮ ਬਟਾਲਾ ਦਾ ਵੀ ਚਾਰਜ ਏ, ਨੂੰ ਵਿਜਲੈਂਸ ਵਿਭਾਗ ਵੱਲੋਂ ਅੱਜ ਗੁਰਦਾਸਪੁਰ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਸ਼ਿਕਾਇਤਕਰਤਾ, ਜ਼ਿਲ੍ਹਾ ਗੁਰਦਾਸਪੁਰ ਦੇ ਬਟਾਲਾ ਦਾ ਰਹਿਣ ਵਾਲਾ

ਏ। ਉਸ ਨੇ ਨਗਰ ਨਿਗਮ ਬਟਾਲਾ ਵਿਖੇ ਸੜਕਾਂ ਦਾ ਪੈਚ ਵਰਕ ਤੇ ਮੁਰੰਮਤ ਦਾ ਕੰਮ ਕਰਵਾਇਆ ਸੀ ਅਤੇ ਇੱਕ ਲਾਈਟ ਐਂਡ ਸਾਊਂਡ ਸ਼ੋਅ ਲਈ ਕੈਮਰਾ ਅਤੇ ਹੋਰ ਸਬੰਧਤ ਕੰਮ ਵੀ ਕੀਤਾ ਸੀ । ਇਹਨਾਂ ਸਾਰੇ ਕੰਮਾਂ ਦੀ ਲਗਭਗ ਸਾਢੇ 5 ਲੱਖ ਤੋਂ ਵੱਧ ਦੀ ਅਦਾਇਗੀ ਬਕਾਇਆ ਸੀ। ਇਸ ਸਬੰਧੀ ਉਹ ਨਗਰ ਨਿਗਮ, ਬਟਾਲਾ ਦੇ ਕਮਿਸ਼ਨਰ ਨੂੰ ਮਿਲਿਆ, ਜਿਸ ਨੇ ਉਸ ਨੂੰ ਦੱਸਿਆ ਕਿ ਬਿੱਲਾਂ ਦੀ ਅਦਾਇਗੀ ਲਈ, 10 ਫੀਸਦ ਕਮਿਸ਼ਨ ਦੇਣੀ ਹੋਵੇਗੀ। ਮਾਮਲੇ ਸਬੰਧੀ ਅਗਲੇਰੀ ਜਾਂਚ ਜਾਰੀ ਏ।

-----------------------------------------------------------------

ਸਰਦਾਰ ਵੱਲਭਭਾਈ ਪਟੇਲ ਦੇ ਜਨਮ ਦਿਵਸ ਦੀ ਯਾਦ ਵਿੱਚ ਅੱਜ ਚੰਡੀਗੜ੍ਹ ਦੇ ਤਿਰੰਗਾ ਪਾਰਕ ਵਿਖੇ, ਰਾਸ਼ਟਰੀ ਏਕਤਾ ਦਿਵਸ ਅਤੇ ਸਰਦਾਰ@150 ਏਕਤਾ ਮਾਰਚ, ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਨੌਜਵਾਨਾਂ, ਔਰਤਾਂ, ਵਿਦਿਆਰਥੀਆਂ, ਵੱਖ-ਵੱਖ ਸਮਾਜਿਕ ਸਮੂਹਾਂ ਅਤੇ 28 ਰਾਜਾਂ ਤੇ 8 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਪ੍ਰਤੀਨਿਧੀਆਂ ਸਮੇਤ ਹਜ਼ਾਰਾਂ ਨਾਗਰਿਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ । ਇਸ ਮੌਕੇ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਯੂਨਿਟੀ ਮਾਰਚ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ

ਕਿਹਾ ਕਿ ਚੰਡੀਗੜ੍ਹ ਅਨੇਕਤਾ ਵਿੱਚ ਏਕਤਾ ਦੀ ਇੱਕ ਜਿਉਂਦੀ ਜਾਗਦੀ ਮਿਸਾਲ ਏ, ਜਿੱਥੇ ਸਾਰੇ ਖੇਤਰਾਂ, ਸੱਭਿਆਚਾਰਾਂ ਅਤੇ ਭਾਸ਼ਾਵਾਂ ਦੇ ਲੋਕ ਆਪਸੀ ਸਤਿਕਾਰ ਅਤੇ ਰਾਸ਼ਟਰੀ ਮਾਣ ਨਾਲ ਇਕੱਠੇ ਰਹਿੰਦੇ ਨੇ। ਉਨ੍ਹਾਂ ਨੇ ਦੇਸ਼ ਦੇ ਆਜ਼ਾਦੀ ਸੰਗਰਾਮ, ਰੱਖਿਆ ਸੇਵਾਵਾਂ, ਖੇਡਾਂ ਅਤੇ ਅਕਾਦਮਿਕ ਖੇਤਰ ਵਿੱਚ ਪੰਜਾਬ ਦੇ ਇਤਿਹਾਸਕ ਯੋਗਦਾਨ ਅਤੇ ਕੁਰਬਾਨੀਆਂ ਨੂੰ ਉਜਾਗਰ ਕੀਤਾ ਅਤੇ ਕਸ਼ਮੀਰੀ ਹਿੰਦੂਆਂ ਦੀ ਰੱਖਿਆ ਲਈ ਗੁਰੂ ਤੇਗ ਬਹਾਦਰ ਜੀ ਦੇ ਸਰਬਉੱਚ ਬਲੀਦਾਨ ਲਈ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰਾਜਪਾਲ ਨੇ 562 ਰਿਆਸਤਾਂ ਨੂੰ ਇਕਜੁੱਟ ਕਰਨ ਅਤੇ ਇੱਕ ਮਜ਼ਬੂਤ ਤੇ ਏਕੀਕ੍ਰਿਤ ਭਾਰਤ ਨੂੰ ਨੁਹਾਰ ਦੇਣ ਵਿੱਚ, ਸਰਦਾਰ ਪਟੇਲ ਦੀ ਯਾਦਗਾਰੀ ਭੂਮਿਕਾ ਨੂੰ ਯਾਦ ਕੀਤਾ। ਰਾਜਪਾਲ ਨੇ ਨਾਗਰਿਕਾਂ ਨੂੰ ਰਾਸ਼ਟਰੀ ਅਖੰਡਤਾ ਅਤੇ ਸੱਭਿਆਚਾਰਕ ਸਦਭਾਵਨਾ ਨੂੰ ਬਣਾਈ ਰੱਖਣ ਦਾ ਸੱਦਾ ਦਿੱਤਾ। ਰਾਜਪਾਲ ਨੇ ਦੇਸ਼ ਦੀਆਂ ਸਰਹੱਦਾਂ ਦੀ ਬੇਮਿਸਾਲ ਹਿੰਮਤ ਨਾਲ ਰਾਖੀ ਕਰਨ ਲਈ ਦੇਸ਼ ਦੇ ਰੱਖਿਆ ਬਲਾਂ ਦਾ ਵੀ ਧੰਨਵਾਦ ਕੀਤਾ।

---------------------------------------------------------------------------

ਭਾਰਤ ਅੱਜ ਕੋਲੰਬੋ ਵਿੱਚ, ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾ ਕੇ, ਦ੍ਰਿਸ਼ਟੀਹੀਣ ਔਰਤਾਂ ਦੇ ਪਹਿਲੇ T-TWENTY ਵਿਸ਼ਵ ਕੱਪ ਕ੍ਰਿਕਟ

ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ। 110 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਭਾਰਤ ਨੇ 11 ਓਵਰਾਂ ਅਤੇ 5 ਗੇਂਦਾਂ ਵਿੱਚ, ਇੱਕ ਵਿਕਟ ਦੇ ਨੁਕਸਾਨ 'ਤੇ ਹੀ ਟੀਚਾ ਹਾਸਿਲ ਕਰ ਲਿਆ। ਆਸਟ੍ਰੇਲੀਆ ਨਿਰਧਾਰਤ 20 ਓਵਰਾਂ ਵਿੱਚ, 9 ਵਿਕਟਾਂ 'ਤੇ 109 ਦੌੜਾਂ ਹੀ ਬਣਾ ਸਕਿਆ।

---------------------------------------------------------------------

ਕ੍ਰਿਕਟ ਵਿੱਚ ਅੱਜ ਦੱਖਣੀ ਅਫਰੀਕਾ ਨੇ ਗੁਹਾਟੀ ਦੇ ਬਾਰਸਾਪਾਰਾ ਕ੍ਰਿਕਟ ਸਟੇਡੀਅਮ ਵਿੱਚ ਦੂਜੇ ਅਤੇ ਆਖਰੀ ਟੈਸਟ ਮੈਚ ਦੇ ਪਹਿਲੇ ਦਿਨ ਦਾ ਖੇਡ ਖਤਮ ਹੋਣ ਤੱਕ ਭਾਰਤ ਵਿਰੁੱਧ ਆਪਣੀ ਪਹਿਲੀ ਪਾਰੀ ਵਿੱਚ ਛੇ ਵਿਕਟਾਂ ਦੇ ਨੁਕਸਾਨ 'ਤੇ 247 ਦੌੜਾਂ ਬਣਾ ਲਈਆਂ ਨੇ । ਇਸ ਤੋਂ ਪਹਿਲਾਂ, ਦੱਖਣੀ ਅਫਰੀਕਾ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ। ਮੇਜ਼ਬਾਨ ਟੀਮ ਵੱਲੋਂ ਕੁਲਦੀਪ ਯਾਦਵ ਨੇ ਤਿੰਨ ਵਿਕਟਾਂ ਲਈਆਂ ਜਦਕਿ ਜਸਪ੍ਰੀਤ ਬੁਮਰਾਹ, ਮੁਹੰਮਦ ਸਿਰਾਜ ਅਤੇ ਰਵਿੰਦਰ ਜਡੇਜਾ ਨੇ ਇੱਕ-ਇੱਕ ਵਿਕਟ ਲਈ। ਵਿਕਟਕੀਪਰ-ਬੱਲੇਬਾਜ਼ ਰਿਸ਼ਭ ਪੰਤ ਇਸ ਮੈਚ ਵਿੱਚ ਟੀਮ ਇੰਡੀਆ ਦੀ ਅਗਵਾਈ ਕਰ ਰਹੇ ਨੇ ਕਿਉਂਕਿ ਨਿਯਮਤ ਕਪਤਾਨ ਸ਼ੁਭਮਨ ਗਿੱਲ ਗਰਦਨ ਦੀ ਸੱਟ ਕਾਰਨ ਦੂਜੇ ਟੈਸਟ ਤੋਂ ਬਾਹਰ ਹੋ ਗਿਆ ਸੀ। ਦੱਖਣੀ ਅਫਰੀਕਾ ਨੇ

ਦੋ ਮੈਚਾਂ ਦੀ ਲੜੀ ਦੇ ਪਹਿਲੇ ਟੈਸਟ ਵਿੱਚ ਭਾਰਤ ਨੂੰ 30 ਦੌੜਾਂ ਨਾਲ ਹਰਾ ਦਿੱਤਾ ਸੀ।

---------------------------------------------------------------------

**ਅਖੀਰ ਵਿੱਚ ਖਾਸ ਖਬਰਾਂ ਇੱਕ ਵਾਰ ਫੇਰ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੱਖਣੀ ਅਫਰੀਕਾ ਦੇ ਜੋਹਾਨਸਬਰਗ ਵਿੱਚ G-20 ਸੰਮੇਲਨ ਦੇ ਪਹਿਲੇ ਸੈਸ਼ਨ ਨੂੰ ਕੀਤਾ ਸੰਬੋਧਨ - ਕਿਹਾ ਇਹ ਵਿਸ਼ਵ ਵਿਕਾਸ ਮਾਪਦੰਡਾਂ 'ਤੇ ਮੁੜ ਵਿਚਾਰ ਕਰਨ ਅਤੇ ਸਮਾਵੇਸ਼ੀ ਅਤੇ ਨਿਰੰਤਰ ਵਿਕਾਸ ਨੂੰ ਤਰਜੀਹ ਦੇਣ ਦਾ ਸਹੀ ਸਮਾਂ ਏ।
- ਸ੍ਰੀ ਆਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ, ਤਿੰਨ ਦਿਨਾ ਮੁੱਖ ਸਮਾਗਮ ਭਲਕੇ ਤੋਂ ਸ਼ੁਰੂ।
- ਪੰਜਾਬ ਪੁਲਿਸ ਵੱਲੋਂ ਪਾਕਿਸਤਾਨ ਸਥਿਤ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼, 50 ਕਿਲੋਗ੍ਰਾਮ ਹੈਰੋਇਨ ਬਰਾਮਦ ।

- ਸਰਦਾਰ ਵੱਲਭਭਾਈ ਪਟੇਲ ਦੇ 150ਵੇਂ ਜਨਮ ਦਿਵਸ ਦੀ ਯਾਦ ਵਿੱਚ ਚੰਡੀਗੜ੍ਹ ਵਿਖੇ ਕਰਵਿਆ ਗਿਆ ਏਕਤਾ ਮਾਰਚ, ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ ਸ਼ਿਰਕਤ।
- ਭਾਰਤ ਕੋਲੰਬੋ ਵਿੱਚ, ਆਸਟ੍ਰੇਲੀਆ ਨੂੰ 9 ਵਿਕਟਾਂ ਨਾਲ ਹਰਾ ਕੇ, ਦ੍ਰਿਸ਼ਟੀਹੀਣ ਔਰਤਾਂ ਦੇ ਪਹਿਲੇ T-TWENTY ਵਿਸ਼ਵ ਕੱਪ ਕ੍ਰਿਕਟ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚਿਆ।

**ਇਸ ਦੇ ਨਾਲ ਹੀ ਪ੍ਰਦੇਸ਼ਕ ਖਬਰਾਂ ਦਾ ਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗੇ 7 ਵੱਜ ਕੇ 30 ਮਿੰਟ ਤੇ**

**ਨਮਸਕਾਰ।**